ਰਾਗੁ ਬਿਲਾਵਲੁ ਮਹਲਾ ੪ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਉਦਮ ਮਤਿ ਪ੍ਰਭ ਅੰਤਰਜਾਮੀ ਜਿਉ ਪ੍ਰੇਰੇ ਤਿਉ ਕਰਨਾ ॥ ਜਿਉ ਨਟੂਆ ਤੰਤੁ ਵਜਾਏ ਤੰਤੀ ਤਿਉ ਵਾਜਹਿ ਜੰਤ ਜਨਾ ॥ ੧॥ ਜਪਿ ਮਨ ਰਾਮ ਨਾਮੁ ਰਸਨਾ ॥ ਮਸਤਕਿ ਲਿਖਤ ਲਿਖੇ ਗੁਰੁ ਪਾਇਆ ਹਰਿ ਹਿਰਦੈ ਹਰਿ ਬਸਨਾ ॥੧॥ ਰਹਾਉ ॥ ਮਾਇਆ ਗਿਰਸਤਿ ਭ੍ਰਮਤੁ ਹੈ ਪ੍ਰਾਨੀ ਰਖਿ ਲੇਵਹੁ ਜਨੁ ਅਪਨਾ ॥ ਜਿਉ ਪ੍ਰਹਿਲਾਦੁ ਹਰਣਾਖਸਿ ਗ੍ਰਸਿਓ ਹਰਿ ਰਾਖਿਓ ਹਰਿ ਸਰਨਾ ॥੨॥ ਕਵਨ ਕਵਨ ਕੀ ਗਤਿ ਮਿਤਿ ਕਹੀਐ ਹਰਿ ਕੀਏ ਪਤਿਤ ਪਵੰਨਾ ॥ ਓਹੁ ਢੋਵੈ ਢੋਰ ਹਾਥਿ ਚਮੁ ਚਮਰੇ ਹਰਿ ਉਧਰਿਓ ਪਰਿਓ ਸਰਨਾ ॥ ੩॥ ਪ੍ਰਭ ਦੀਨ ਦਇਆਲ ਭਗਤ ਭਵ ਤਾਰਨ ਹਮ ਪਾਪੀ ਰਾਖੁ ਪਪਨਾ ॥ ਹਰਿ ਦਾਸਨ ਦਾਸ ਦਾਸ ਹਮ ਕਰੀਅਹੁ ਜਨ ਨਾਨਕ ਦਾਸ ਦਾਸੰਨਾ ॥੪॥੧॥ {ਪੰਨਾ 798-799}

ਪਦਅਰਥ:- ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ। ਪ੍ਰੇਰੇ—ਪ੍ਰੇਰਨਾ ਕਰਦਾ ਹੈ। ਨਟੂਆ—ਨਾਟਕ ਕਰਨ ਵਾਲਾ। ਤੰਤੀ—ਵੀਣਾ। ਤੰਤੁ—ਤਾਰ। ਤੰਤੀ ਤੰਤੁ—ਵੀਣਾ ਦੀ ਤਾਰ। ਜੰਤ—{XN>} ਵਾਜੇ। ਵਾਜਹਿ—ਵੱਜਦੇ ਹਨ। ਜਨਾ—ਜੀਵ।1।

ਮਨ—ਹੇ ਮਨ! ਰਸਨਾ—ਜੀਭ ਨਾਲ। ਮਸਤਕਿ—ਮੱਥੇ ਉਤੇ। ਹਿਰਦੈ—ਹਿਰਦੇ ਵਿਚ।1। ਰਹਾਉ।

ਗਿਰਸਤਿ—ਗ੍ਰਸਿਆ ਹੋਇਆ, ਜਕੜਿਆ ਹੋਇਆ। ਪ੍ਰਾਨੀ—ਜੀਵ। ਜਨੁ—ਦਾਸ। ਹਰਣਾਖਸਿ—ਹਰਣਾਖਸ ਨੇ। ਗ੍ਰਸਿਓ—ਗ੍ਰਸਿਆ, ਆਪਣੇ ਕਾਬੂ ਵਿਚ ਕੀਤਾ।2।

ਗਤਿ ਮਿਤਿ—ਹਾਲਤ। ਪਤਿਤ—ਵਿਕਾਰੀ, ਵਿਕਾਰਾਂ ਵਿਚ ਡਿੱਗੇ ਹੋਏ {pq`—to fall}। ਪਵੰਨਾ—ਪਵਿੱਤਰ। ਢੋਰ—ਮੋਏ ਹੋਏ ਪਸ਼ੂ। ਹਾਥਿ—ਹੱਥ ਵਿਚ। ਚਮਰੇ ਹਾਥਿ—ਚਮਾਰ ਦੇ ਹੱਥ ਵਿਚ। ਉਧਰਿਓ—ਪਾਰ ਲੰਘਾ ਦਿੱਤਾ।3।

ਦੀਨ—ਗਰੀਬ, ਕੰਗਾਲ। ਦਇਆਲ—ਦਇਆ ਦਾ ਘਰ। ਦੀਨ ਦਇਆਲ—ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਭਵ—ਸੰਸਾਰ-ਸਮੁੰਦਰ। ਭਵ ਤਾਰਨ—ਹੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ! ਪਪਨਾ—ਪਾਪਾਂ ਤੋਂ। ਦਾਸ ਦਾਸੰਨਾ—ਦਾਸਾਂ ਦਾ ਦਾਸ।4।

ਅਰਥ:- ਹੇ (ਮੇਰੇ) ਮਨ! ਜੀਭ ਨਾਲ ਪਰਮਾਤਮਾ ਦਾ ਨਾਮ ਜਪਿਆ ਕਰ। ਜਿਸ ਮਨੁੱਖ ਦੇ ਮੱਥੇ ਉਤੇ ਲਿਖੇ ਹੋਏ ਚੰਗੇ ਭਾਗ ਉੱਘੜ ਪੈਣ, ਉਸ ਨੂੰ ਗੁਰੂ ਮਿਲ ਪੈਂਦਾ ਹੈ, (ਗੁਰੂ ਦੀ ਸਹੈਤਾ ਨਾਲ ਉਸ ਦੇ) ਹਿਰਦੇ ਵਿਚ ਪ੍ਰਭੂ ਆ ਵੱਸਦਾ ਹੈ।1। ਰਹਾਉ।

ਸਭ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਉੱਦਮ ਕਰਨ ਦੀ ਅਕਲ (ਜੀਵਾਂ ਨੂੰ ਆਪ ਦੇਂਦਾ ਹੈ)। ਜਿਵੇਂ ਉਹ ਸਾਨੂੰ ਪ੍ਰੇਰਨਾ ਕਰਦਾ ਹੈ ਤਿਵੇਂ ਅਸੀਂ ਕਰਦੇ ਹਾਂ। ਜਿਵੇਂ ਕੋਈ ਨਾਟਕ ਕਰਨ ਵਾਲਾ ਮਨੁੱਖ ਵੀਣਾ (ਆਦਿਕ ਸਾਜ) ਦੀ ਤਾਰ ਵਜਾਂਦਾ ਹੈ (ਤਿਵੇਂ ਉਹ ਸਾਜ ਵੱਜਦਾ ਹੈ); ਤਿਵੇਂ ਸਾਰੇ ਜੀਵ (ਜੋ, ਮਾਨੋ) ਵਾਜੇ (ਹਨ, ਪ੍ਰਭੂ ਦੇ ਵਜਾਇਆਂ) ਵੱਜਦੇ ਹਨ।1।

ਹੇ ਪ੍ਰਭੂ! ਮਾਇਆ ਦੇ ਮੋਹ ਵਿਚ ਫਸਿਆ ਹੋਇਆ ਜੀਵ ਭਟਕਦਾ ਫਿਰਦਾ ਹੈ, (ਮੈਨੂੰ) ਆਪਣੇ ਦਾਸ ਨੂੰ (ਇਸ ਮਾਇਆ ਦੇ ਮੋਹ ਤੋਂ) ਬਚਾ ਲੈ (ਉਸ ਤਰ੍ਹਾਂ ਬਚਾ ਲੈ) ਜਿਵੇਂ, ਹੇ ਹਰੀ! ਤੂੰ ਸਰਨ ਪਏ ਪ੍ਰਹਿਲਾਦ ਦੀ ਰੱਖਿਆ ਕੀਤੀ, ਜਦੋਂ ਉਸ ਨੂੰ ਹਰਣਾਖਸ ਨੇ ਦੁੱਖ ਦਿੱਤਾ।2।

ਹੇ ਭਾਈ! ਕਿਸ ਕਿਸ ਦੀ ਹਾਲਤ ਦੱਸੀ ਜਾਏ? ਉਹ ਪਰਮਾਤਮਾ ਤਾਂ ਬੜੇ ਬੜੇ ਵਿਕਾਰੀਆਂ ਨੂੰ ਪਵਿੱਤਰ ਕਰ ਦੇਂਦਾ ਹੈ। (ਵੇਖੋ,) ਉਹ (ਰਵਿਦਾਸ) ਮੋਏ ਹੋਏ ਪਸ਼ੂ ਢੋਂਦਾ ਸੀ, (ਉਸ) ਚਮਾਰ ਦੇ ਹੱਥ ਵਿਚ (ਨਿੱਤ) ਚਮ (ਫੜਿਆ ਹੁੰਦਾ)

ਸੀ, ਪਰ ਜਦੋਂ ਉਹ ਪ੍ਰਭੂ ਦੀ ਸਰਨ ਪਿਆ, ਪ੍ਰਭੂ ਨੇ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ।3।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਹੇ ਭਗਤਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ ਪ੍ਰਭੂ! ਸਾਨੂੰ ਪਾਪੀ ਜੀਵਾਂ ਨੂੰ ਪਾਪਾਂ ਤੋਂ ਬਚਾ ਲੈ। ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਸਾਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ।4।1।